# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :09-06-2026**

ਲੋਕ ਸਭਾ ਸਪੀਕਰ ਓਮ ਬਿਰਲਾ ਨੇ ਕਿਹਾ ਏ ਕਿ 'ਵਿਕਸਤ ਭਾਰਤ' ਦਾ ਸੰਕਲਪ ਇਕ ਰਾਸ਼ਟਰੀ ਵਚਨਬੱਧਤਾ ਏ, ਜਿਸ ਲਈ ਦੇਸ਼ ਦੇ ਹਰ ਨਾਗਰਿਕ ਤੇ ਸੰਸਥਾ ਦੇ ਸਹਿਯੋਗ ਦੀ ਲੋੜ ਏ। ਸ੍ਰੀ ਬਿਰਲਾ ਚੰਡੀਗੜ੍ਹ ਵਿਖੇ ਹਰਿਆਣਾ ਵਿਧਾਨ ਸਭਾ ਵਿੱਚ ਕਰਵਾਈ ਰਾਸ਼ਟਰਮੰਡਲ ਸੰਸਦੀ ਐਸੋਸੀਏਸ਼ਨ (ਸੀਪੀਏ) ਇੰਡੀਆ ਰੀਜਨ ਜ਼ੋਨ-2 ਦੀ ਕਾਨਫਰੰਸ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਦ੍ਰਿਸ਼ਟੀਕੋਣ ਨੂੰ ਸਾਕਾਰ ਕਰਨ ਲਈ, ਇਹ ਬਹੁਤ ਜ਼ਰੂਰੀ ਏ ਕਿ ਸਾਡੀਆਂ ਨੀਤੀਆਂ, ਯੋਜਨਾਵਾਂ, ਪ੍ਰੋਗਰਾਮ ਤੇ ਬਜਟ ਪ੍ਰਬੰਧ ਸਮਾਜ ਦੇ ਆਖਰੀ ਵਿਅਕਤੀ ਦੇ ਜੀਵਨ ਵਿੱਚ ਸਕਾਰਾਤਮਕ ਬਦਲਾਅ ਲਿਆਉਣ। ਉਨ੍ਹਾਂ ਕਿਹਾ ਕਿ ਵਿਧਾਇਕ ਇਸ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਨੇ ਕਿਉਂਕਿ ਉਹ ਨੀਤੀਆਂ ਤੇ ਲੋਕ ਭਲਾਈ ਪਹਿਲਕਦਮੀਆਂ ਰਾਹੀਂ ਆਪਣੇ ਹਲਕਿਆਂ ਵਿੱਚ ਜ਼ਮੀਨੀ ਪੱਧਰ 'ਤੇ ਤਬਦੀਲੀ ਲਿਆਉਣ ਲਈ ਸਭ ਤੋਂ ਪ੍ਰਭਾਵਸ਼ਾਲੀ ਪ੍ਰਤੀਨਿਧ ਨੇ।

---------------------------------------------------------

ਇਨਫੋਰਸਮੈਂਟ ਡਾਇਰੈਕਟੋਰੇਟ, ED ਹੈਂਪਟਨ ਸਕਾਈ ਰਿਐਲਟੀ ਲਿਮਟਿਡ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ ਵਿੱਚ, ਪੰਜਾਬ, ਉੱਤਰ ਪ੍ਰਦੇਸ਼ ਅਤੇ ਦਿੱਲੀ NCR ਵਿੱਚ ਛੇ ਥਾਵਾਂ 'ਤੇ ਛਾਪੇਮਾਰੀ ਕਰ ਰਿਹਾ ਏ। ਇਸ ਵਿੱਚ ਪੰਜਾਬ ਦੇ ਜਲੰਧਰ, ਲੁਧਿਆਣਾ, ਉੱਤਰ ਪ੍ਰਦੇਸ਼ ਦੇ ਬਰੇਲੀ ਅਤੇ ਦਿੱਲੀ-NCR ਦੇ ਇਲਾਕੇ ਸ਼ਾਮਲ ਨੇ। ਡਾਇਰੈਕਟੋਰੇਟ ਮੁਤਾਬਕ, ਤਲਾਸ਼ੀ ਮੁਹਿੰਮ ਵਿੱਚ ਸ਼ਾਮਲ ਕੀਤੇ ਗਏ ਅਹਾਤਿਆਂ ਵਿੱਚ ਹੈਂਪਟਨ ਸਕਾਈ ਰਿਐਲਟੀ ਲਿਮਟਿਡ ਨਾਲ ਜੁੜੇ ਵਿਅਕਤੀਆਂ ਅਤੇ ਸੰਸਥਾਵਾਂ ਦੇ ਰਿਹਾਇਸ਼ੀ ਅਤੇ ਵਪਾਰਕ ਦਫਤਰ ਦੋਵੇਂ ਸ਼ਾਮਲ ਨੇ। ਇਹ ਮਾਮਲਾ ਆਮ ਆਦਮੀ ਪਾਰਟੀ ਦੇ ਨੇਤਾ ਅਤੇ ਪੰਜਾਬ ਦੇ ਮੰਤਰੀ ਸੰਜੀਵ ਅਰੋੜਾ ਨਾਲ ਜੁੜਿਆ ਹੋਇਆ ਏ. ED ਨੇ ਉਨ੍ਹਾਂ ਅਤੇ ਉਨ੍ਹਾਂ ਦੀਆਂ ਕੰਪਨੀਆਂ ਖਿਲਾਫ ਵੱਡੇ ਪੱਧਰ 'ਤੇ ਮਨੀ ਲਾਂਡਰਿੰਗ, 100 ਕਰੋੜ ਰੁਪਏ ਤੋਂ ਵੱਧ ਦੀ ਕਥਿਤ GST ਧੋਖਾਧੜੀ ਅਤੇ ਫਰਜ਼ੀ ਮੋਬਾਈਲ ਫੋਨ ਵਿਕਰੀ ਦਾ ਪਰਦਾਫਾਸ਼ ਕੀਤਾ ਏ।

---------------------------------------------------------

ਆਕਾਸ਼ਵਾਣੀ ਦੇ 90 ਸਾਲ ਪੂਰੇ ਹੋਣ ਦੀ ਖੁਸ਼ੀ ਵਿੱਚ, ਆਕਾਸ਼ਵਾਣੀ ਜਲੰਧਰ ਕੇਂਦਰ ਵੱਲੋਂ ਕਲ੍ਹ ਸ਼ਾਮ ਕੇ.ਐੱਲ. ਸਹਿਗਲ ਆਡੀਟੋਰੀਅਮ ਵਿਖੇ ਇੱਕ ਸ਼ਾਸਤਰੀ ਸੰਗੀਤ ਪ੍ਰੋਗਰਾਮ - ‘ਇੱਕ ਸ਼ਾਮ - ਸ਼ਾਸਤਰੀ

ਸੰਗੀਤ ਦੇ ਨਾਮ' ਕਰਾਇਆ ਗਿਆ। ਇਸ ਸੰਗੀਤ ਪ੍ਰੋਗਰਾਮ ਵਿੱਚ ਆਕਾਸ਼ਵਾਣੀ ਦੇ ਸੀਨੀਅਰ ਕਲਾਕਾਰਾਂ ਵੱਲੋਂ ਦਿਲ ਟੁੰਬਵੀਂਆਂ ਪੇਸ਼ਕਾਰੀਆਂ ਕੀਤੀਆਂ ਗਈਆਂ, ਜਿਨਾਂ ਨੂੰ ਸਰੋਤਿਆਂ ਵੱਲੋਂ ਖੂਬ ਸਰਾਹਿਆ ਗਿਆ

----------------------------------------------------------

ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਚੰਡੀਗੜ੍ਹ ਵਿਖੇ ਇੱਕ ਉੱਚ ਪੱਧਰੀ ਮੀਟਿੰਗ ਕੀਤੀ, ਜਿਸ ਵਿੱਚ ਨੈਸ਼ਨਲ ਐਕਸ਼ਨ ਪਲਾਨ ਫਾਰ ਡਰੱਗ ਡਿਮਾਂਡ ਰਿਡਕਸ਼ਨ (NAPDDR) ਅਤੇ ਨੈਸ਼ਨਲ ਐਕਸ਼ਨ ਪਲਾਨ ਫਾਰ ਸੀਨੀਅਰ ਸਿਟੀਜ਼ਨਜ਼ (NAPSrC) ਤਹਿਤ 2026-27 ਲਈ ਸਟੇਟ ਐਕਸ਼ਨ ਪਲਾਨ ਨੂੰ ਅੰਤਿਮ ਰੂਪ ਦੇਣ 'ਤੇ ਕੇਂਦ੍ਰਿਤ ਕੀਤਾ ਗਿਆ। ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਸਮਾਜ ਵਿੱਚੋਂ ਨਸ਼ਿਆਂ ਨੂੰ ਖਤਮ ਕਰਨ ਲਈ ਇੱਕ ਵਿਆਪਕ, ਨਤੀਜਾ-ਮੁਖੀ ਤੇ ਬਹੁ-ਪੱਖੀ ਰਣਨੀਤੀ ਅਪਣਾ ਰਹੀ ਏ। ਮੰਤਰੀ ਨੇ ਦੱਸਿਆ ਕਿ ਵਿੱਤੀ ਸਾਲ 2026-27 ਲਈ NAPDDR ਅਧੀਨ 42.95 ਕਰੋੜ ਰੁਪਏ ਦੀ ਰਾਜ ਕਾਰਜ ਯੋਜਨਾ ਪ੍ਰਸਤਾਵਿਤ ਕੀਤੀ ਗਈ ਏ, ਜਿਸ ਦੀ ਵਰਤੋਂ ਨਸ਼ਾ ਰੋਕਥਾਮ, ਜਾਗਰੂਕਤਾ ਮੁਹਿੰਮਾਂ, ਹੁਨਰ ਸਿੱਖਿਆ, ਸਲਾਹ ਸੇਵਾਵਾਂ, ਨਸ਼ਾ ਛੁਡਾਊ ਤੇ ਪੁਨਰਵਾਸ ਪ੍ਰੋਗਰਾਮਾਂ ਲਈ ਕੀਤੀ ਜਾਵੇਗੀ।

----------------------------------------------------------

ਉਦਯੋਗ ਤੇ ਵਣਜ ਮੰਤਰੀ ਅਮਨ ਅਰੋੜਾ ਤੇ ਬਿਜਲੀ ਮੰਤਰੀ ਤਰੁਣਪ੍ਰੀਤ ਸਿੰਘ ਸੋਂਦ ਨੇ ਮੁਹਾਲੀ ਦੇ ਫੋਕਲ ਪੁਆਇੰਟ, ਮੁਬਾਰਿਕਪੁਰ ਵਿਖੇ ਨਵੇਂ ਚਾਲੂ ਕੀਤੇ ਗਏ 66 ਕੇਵੀ ਗਰਿੱਡ ਸਬਸਟੇਸ਼ਨ ਦਾ ਉਦਘਾਟਨ ਕੀਤਾ। ਲਗਭਗ 9.60 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ, 66 ਕੇਵੀ ਗਰਿੱਡ ਸਬਸਟੇਸ਼ਨ ਮੁਬਾਰਿਕਪੁਰ, ਡੇਰਾਬੱਸੀ ਤੇ ਲਾਲੜੂ ਦੇ ਤੇਜ਼ੀ ਨਾਲ ਵਧ ਰਹੇ ਉਦਯੋਗਿਕ ਅਤੇ ਰਿਹਾਇਸ਼ੀ ਖੇਤਰਾਂ ਦੇ ਬਿਜਲੀ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਸਥਾਪਿਤ ਕੀਤਾ ਗਿਆ ਏ। 40 ਐਮ.ਵੀ.ਏ. ਦੀ ਸਮਰੱਥਾ ਨਾਲ ਲੈਸ ਇਹ ਗਰਿੱਡ ਬਿਜਲੀ ਸਪਲਾਈ ਦੀ ਭਰੋਸੇਯੋਗਤਾ ਵਿੱਚ ਮਹੱਤਵਪੂਰਨ ਸੁਧਾਰ ਕਰੇਗਾ, ਮੌਜੂਦਾ ਨੈੱਟਵਰਕ 'ਤੇ ਲੋਡ ਘਟਾਏਗਾ ਤੇ ਫੋਕਲ ਪੁਆਇੰਟ ਮੁਬਾਰਿਕਪੁਰ, ਨਾਲ ਲੱਗਦੀਆਂ ਉਦਯੋਗਿਕ ਇਕਾਈਆਂ ਅਤੇ ਨੇੜਲੇ ਰਿਹਾਇਸ਼ੀ ਖੇਤਰਾਂ ਵਿੱਚ ਸਥਿਤ ਉਦਯੋਗਾਂ ਨੂੰ ਲਾਭ ਪਹੁੰਚਾਏਗਾ।

----------------------------------------------------------

ਪੰਜਾਬ ਦੇ ਮਾਲ, ਮੁੜ ਵਸੇਬਾ ਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਕਲ 33 ਪਟਵਾਰੀਆਂ ਨੂੰ ਨਿਯੁਕਤੀ ਪੱਤਰ ਸੌਂਪੇ। ਚੰਡੀਗੜ੍ਹ ਦੇ ਪੰਜਾਬ ਭਵਨ ਵਿਖੇ ਇਕ ਸਮਾਰੋਹ ਦੌਰਾਨ ਸੰਬੋਧਨ

ਕਰਦਿਆਂ ਕੈਬਨਿਟ ਮੰਤਰੀ ਨੇ ਨਵ-ਨਿਯੁਕਤ ਪਟਵਾਰੀਆਂ ਨੂੰ ਸਰਕਾਰੀ ਸੇਵਾ ਵਿੱਚ ਸ਼ਾਮਲ ਹੋਣ 'ਤੇ ਵਧਾਈ ਦਿੱਤੀ ਤੇ ਪੂਰੀ ਇਮਾਨਦਾਰੀ ਤੇ ਸਮਰਪਣ ਭਾਵਨਾ ਨਾਲ ਆਪਣੀਆਂ ਡਿਊਟੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ । ਉਨ੍ਹਾਂ ਕਿਹਾ ਕਿ ਨਵ-ਨਿਯੁਕਤ ਪਟਵਾਰੀਆਂ ਨੂੰ ਮਹੱਤਵਪੂਰਨ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਨੇ ਤੇ ਉਨ੍ਹਾਂ ਨੂੰ ਜਨਤਕ ਸ਼ਿਕਾਇਤਾਂ ਤੇ ਸਰਕਾਰੀ ਕੰਮ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਦੇ ਹੋਏ ਵਚਨਬੱਧਤਾ ਨਾਲ ਆਪਣੇ ਫਰਜ਼ ਨਿਭਾਉਣੇ ਚਾਹੀਦੇ ਨੇ । ਉਨ੍ਹਾਂ ਚੇਤਾਵਨੀ ਦਿੱਤੀ ਕਿ ਸਰਕਾਰੀ ਕਰਮਚਾਰੀਆਂ ਦੁਆਰਾ ਕੀਤੇ ਜਾਂਦੇ ਭ੍ਰਿਸ਼ਟ ਅਮਲਾਂ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ ।

---------------------------------------------------------

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਿੱਖਿਆ ਵਿਭਾਗ ਦੀਆਂ ਪੰਜ ਵੱਖ-ਵੱਖ ਕਰਮਚਾਰੀ ਯੂਨੀਅਨਾਂ ਨਾਲ ਮੀਟਿੰਗਾਂ ਦੌਰਾਨ ਉਨ੍ਹਾਂ ਦੇ ਮੁੱਦਿਆਂ ਤੇ ਮੰਗਾਂ 'ਤੇ ਵਿਚਾਰ-ਵਟਾਂਦਰਾ ਕੀਤਾ । ਇਸ ਮੌਕੇ ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਕਰਮਚਾਰੀਆਂ ਦੀ ਭਲਾਈ ਤੇ ਚਿੰਤਾਵਾਂ ਨੂੰ ਯੋਜਨਾਬੱਧ ਢੰਗ ਨਾਲ ਹੱਲ ਕਰਨ ਲਈ ਵਚਨਬੱਧ ਏ ।" ਵਿਚਾਰ-ਵਟਾਂਦਰੇ ਦੌਰਾਨ ਸਿੱਖਿਆ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਯੂਨੀਅਨਾਂ ਦੀਆਂ ਮੰਗਾਂ ਨੂੰ ਹੱਲ ਕਰਨ ਲਈ ਕੀਤੀਆਂ ਜਾ ਰਹੀਆਂ

ਕਾਰਵਾਈਆਂ ਤੋਂ ਜਾਣੂ ਕਰਵਾਇਆ । ਵਿਤ ਮੰਤਰੀ ਨੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਯੂਨੀਅਨਾਂ ਦੀਆਂ ਜਾਇਜ਼ ਮੰਗਾਂ ਨੂੰ ਜਲਦੀ ਹੱਲ ਕਰਨ ਦੇ ਨਿਰਦੇਸ਼ ਦਿੱਤੇ । ਮੀਟਿੰਗਾਂ ਵਿੱਚ ਬੇਰੋਜ਼ਗਰ ਪੀਐਸ ਟੈਟ ਪਾਸ ਆਰਟ ਐਂਡ ਕਰਾਫਟ ਸੰਘਰਸ਼ ਯੂਨੀਅਨ, ਏਡਿਡ ਸਕੂਲ ਫਰੰਟ ਦੇ ਅਨਏਡਿਡ ਸਟਾਫ, ਮੁੜ੍ਹ ਬਹਾਲ ਕੱਚੇ ਅਧਿਆਪਕ ਯੂਨੀਅਨ, ਮੈਰੀਟੋਰੀਅਸ ਟੀਚਰਜ਼ ਯੂਨੀਅਨ, ਅਤੇ ਬੇਰੋਜ਼ਗਰ ਬੀ.ਐਡ ਟੈਟ ਪਾਸ ਅਧਿਆਪਕ ਯੂਨੀਅਨ ਦੇ ਪ੍ਰਤੀਨਿਧੀ ਵਫ਼ਦਾਂ ਨੇ ਸ਼ਿਰਕਤ ਕੀਤੀ ।

---------------------------------------------------------